ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀਮਤੀ ਪੂਨਮ ਗੁਪਤਾ, (98769-29371)
ਵਾਸੀ 10, ਨੇਤਾ ਜੀ ਪਾਰਕ,
ਨੇੜੇ ਹੋਟਲ ਕਮਲ ਪੈਲੇਸ,
ਜੰਲਧਰ-144001. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਪ੍ਰਿੰਸੀਪਲ, ਕੰਨਿਆ ਮਹਾਂ ਵਿਦਿਆਲਿਆ,
ਜੰਲਧਰ।

ਪਹਿਲੀ ਅਪੀਲੀ ਅਥਾਰਟੀ,
ਦਫਤ਼ਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜੰਲਧਰ। ------ਉੱਤਰਦਾਤਾ

**ਅਪੀਲ ਕੇਸ ਨੰ: 2877 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਲੋਕ ਸੂਚਨਾ ਅਧਿਕਾਰੀ ਵੱਲੋਂ ਸ੍ਰੀ ਸਮੀਰ ਸਚਦੇਵਾ, ਐਡਵੋਕੇਟ (98145-06858)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 09-09-2017 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਪ੍ਰਿੰਸੀਪਲ, ਕੰਨਿਆ ਮਹਾਂ ਵਿਦਿਆਲਿਆ, ਜੰਲਧਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਕਾਲਿਜ ਵਿੱਚ ਅਣ-ਏਡਿਡ ਆਸਾਮੀਆਂ ਵਿਰੁੱਧ ਕੰਮ ਕਰ ਰਹੇ ਫੈਕਲਟੀ ਮੈਂਬਰਾਂ ਤੇ ਲਾਗੂ ਰੂਲਜ਼/ਰੈਗੂਲੇਸ਼ਨਜ਼ ਅਤੇ ਗਾਈਡਲਾਈਨਜ਼ ਬਾਰੇ ਜਾਣਕਾਰੀ ਦੀ ਮੰਗ ਕੀਤੀ ਸੀ।ਮਿਤੀ 19-01-2018 ਨੂੰ ਅਪੀਲਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ। ਉਸ ਉਪਰੰਤ ਮਿਤੀ 10-07-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 27-09-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 23-10-2018 ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਉੱਤਰਦਾਤਾ ਵੱਲੋਂ ਹਾਜ਼ਰ ਸ੍ਰੀ ਸਮੀਰ ਸਚਦੇਵਾ, ਐਡਵੋਕੇਟ, ਨੇ ਆਪਣਾ ਜਵਾਬ ਦਾ!ਇਰ ਕਰਨ ਵਾਸਤੇ ਕੁੱਝ ਸਮੇਂ ਦੀ ਮੰਗ ਕੀਤੀ ਹੈ। ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਉੱਤਰਦਾਤਾ ਦੀ ਬੇਨਤੀ ਪ੍ਰਵਾਨ ਕੀਤੀ ਜਾਂਦੀ ਹੈ ਅਤੇ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 20-11-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਾਜੀਵ ਨਾਇਰ,
126 ਐਮ, ਗਲੀ ਨੰ 3, ਸਾਹਮਣੇ ਹਰੀ ਮੰਦਰ
ਗੋਪਾਲ ਨਗਰ, ਮਜੀਠਾ ਰੋਡ,
ਅੰਮ੍ਰਿਤਸਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ੍ਰ ਪ੍ਰਿੰਸੀਪਲ, ਡੀ.ਏ.ਵੀ. ਕਾਲਿਜ,
ਕਟੜਾ ਸ਼ੇਰ ਸਿੰਘ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,ਡੀ ਏ ਵੀ ਕਾਲਿਜ,ਕਟੜਾ ਸ਼ੇਰ ਸਿੰਘ,
ਅੰਮ੍ਰਿਤਸਰ। ----ਉੱਤਰਦਾਤਾ

**ਅਪੀਲ ਕੇਸ ਨੰ: 2879 ਆਫ 2018**

ਹਾਜ਼ਰ:- 1) ਸ਼੍ਰੀ ਰਾਜੀਵ ਨਾਇਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਹਰਸ਼ਤ ਜੈਨ, ਐਡਵੋਕਟ (98156-667711)।

ਹੁਕਮ:

ਦੋਵੇਂ ਧਿਰਾਂ ਹਾਜ਼ਰ ਹੋਈਆਂ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਇਸ ਬੈਂਚ ਤੇ ਭਰੋਸਾ ਨਹੀਂ ਰਿਹਾ, ਜਿਸ ਕਰਕੇ ਉਸ ਵੱਲੋਂ ਇਸ ਕੇਸ ਦੀ ਸੁਣਵਾਈ ਕਿਸੇ ਹੋਰ ਬੈਂਚ ਤੋਂ ਕਰਾਉਣ ਲਈ ਮਾਣਯੋਗ ਮੁੱਖ ਸੂਚਨਾ ਕਮਿਸ਼ਨਰ ਜੀ ਨੂੰ ਬੇਨਤੀ ਕੀਤੀ ਹੋਈ ਹੈ। ਇਸ ਲਈ ਇਹ ਕੇਸ ਬਿਨਾਂ ਕੋਈ ਕਾਰਵਾਈ ਕੀਤਿਆਂ **ਅਗਲੀ ਸੁਣਵਾਈ ਮਿਤੀ 13-12-2018 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਾਜੀਵ ਨਾਇਰ,
126 ਐਮ, ਗਲੀ ਨੰ 3, ਸਾਹਮਣੇ ਹਰੀ ਮੰਦਰ
ਗੋਪਾਲ ਨਗਰ, ਮਜੀਠਾ ਰੋਡ,
ਅੰਮ੍ਰਿਤਸਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਪ੍ਰਿੰਸੀਪਲ, ਡੀ.ਏ.ਵੀ. ਕਾਲਿਜ,
ਕਟੜਾ ਸ਼ੇਰ ਸਿੰਘ,
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ, ਡੀ ਏ ਵੀ ਕਾਲਿਜ,ਕਟੜਾ ਸ਼ੇਰ ਸਿੰਘ,
ਅੰਮ੍ਰਿਤਸਰ। ----ਉੱਤਰਦਾਤਾ

**ਅਪੀਲ ਕੇਸ ਨੰ: 2880 ਆਫ 2018**

ਹਾਜ਼ਰ:- 1) ਸ਼੍ਰੀ ਰਾਜੀਵ ਨਾਇਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਹਰਸ਼ਤ ਜੈਨ, ਐਡਵੋਕਟ (98156-667711)।

ਹੁਕਮ:

ਦੋਵੇਂ ਧਿਰਾਂ ਹਾਜ਼ਰ ਹੋਈਆਂ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਇਸ ਬੈਂਚ ਤੇ ਭਰੋਸਾ ਨਹੀਂ ਰਿਹਾ, ਜਿਸ ਕਰਕੇ ਉਸ ਵੱਲੋਂ ਇਸ ਕੇਸ ਦੀ ਸੁਣਵਾਈ ਕਿਸੇ ਹੋਰ ਬੈਂਚ ਤੋਂ ਕਰਾਉਣ ਲਈ ਮਾਣਯੋਗ ਮੁੱਖ ਸੂਚਨਾ ਕਮਿਸ਼ਨਰ ਜੀ ਨੂੰ ਬੇਨਤੀ ਕੀਤੀ ਹੋਈ ਹੈ। ਇਸ ਲਈ ਇਹ ਕੇਸ ਬਿਨਾਂ ਕੋਈ ਕਾਰਵਾਈ ਕੀਤਿਆਂ **ਅਗਲੀ ਸੁਣਵਾਈ ਮਿਤੀ 13-12-2018 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110


ਸ਼੍ਰੀ ਰਾਜੀਵ ਨਾਇਰ,
126 ਐਮ, ਗਲੀ ਨੰ 3, ਸਾਹਮਣੇ ਹਰੀ ਮੰਦਰ
ਗੋਪਾਲ ਨਗਰ, ਮਜੀਠਾ ਰੋਡ,
ਅੰਮ੍ਰਿਤਸਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਪ੍ਰਿੰਸੀਪਲ, ਡੀ.ਏ.ਵੀ. ਕਾਲਿਜ,
ਦਿਆ ਨੰਦ ਨਗਰ, ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,ਡੀ ਏ ਵੀ ਕਾਲਿਜ,
ਦਿਆ ਨੰਦ ਨਗਰ, ਜਲੰਧਰ। ----ਉੱਤਰਦਾਤਾ

**ਅਪੀਲ ਕੇਸ ਨੰ: 2881 ਆਫ 2018**

ਹਾਜ਼ਰ:-
1) ਸ਼੍ਰੀ ਰਾਜੀਵ ਨਾਇਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਅਨਿਲ ਸ਼ਰਮਾ, ਲੇਖਾ ਅਫਸਰ (94173-79500) ਅਤੇ ਸ਼੍ਰੀ ਦੀਪਕ ਆਨੰਦ (ਜੂਨੀਅਰ ਸਹਾਇਕ)।

ਹੁਕਮ:

ਦੋਵੇਂ ਧਿਰਾਂ ਹਾਜ਼ਰ ਹੋਈਆਂ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਇਸ ਬੈਂਚ ਤੇ ਭਰੋਸਾ ਨਹੀਂ ਰਿਹਾ, ਜਿਸ ਕਰਕੇ ਉਸ ਵੱਲੋਂ ਇਸ ਕੇਸ ਦੀ ਸੁਣਵਾਈ ਕਿਸੇ ਹੋਰ ਬੈਂਚ ਤੋਂ ਕਰਾਉਣ ਲਈ ਮਾਣਯੋਗ ਮੁੱਖ ਸੂਚਨਾ ਕਮਿਸ਼ਨਰ ਜੀ ਨੂੰ ਬੇਨਤੀ ਕੀਤੀ ਹੋਈ ਹੈ। ਇਸ ਲਈ ਇਹ ਕੇਸ ਬਿਨਾਂ ਕੋਈ ਕਾਰਵਾਈ ਕੀਤਿਆਂ **ਅਗਲੀ ਸੁਣਵਾਈ ਮਿਤੀ 13-12-2018 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਨਰਿੰਦਰ ਕੁਮਾਰ ਬਿੱਟਾ, (88725-97800)
ਪੁੱਤਰ ਸ਼੍ਰੀ ਰਾਏ ਸਾਹਿਬ,
ਮਕਾਨ ਨੰ:2438- ਏ, ਗਲੀ ਨੰ: 2,
ਸ਼੍ਰੀ ਗੁਰੂ ਨਾਨਕ ਨਗਰ,
ਨੇੜੇ 16 ਏਕੜ, ਬਰਨਾਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਵਧੀਕ ਡਿਪਟੀ ਕਮਿਸ਼ਨਰ,
ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ: 2883 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬੇਅੰਤ ਸਿੰਘ, ਕਲਰਕ (97800-07879)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 25-05-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਵੱਲੋਂ ਜ਼ਿਲ੍ਹਾ ਸੰਗਰੂਰ ਵੱਲੋਂ ਜ਼ਿਲ੍ਹਾ ਬਰਨਾਲਾ ਬਣਨ ਤੋਂ ਪਹਿਲਾਂ ਮਿਤੀ 26 ਜਨਵਰੀ, 1990 ਤੋਂ 26 ਜਨਵਰੀ, 2007 ਤੱਕ ਅਤੇ 15 ਅਗਸਤ, 1990 ਤੋਂ 15 ਅਗਸਤ, 2007 ਤੱਕ ਸੁਤੰਤਰਤਾ ਸੈਨਾਨੀਆਂ ਜਾਂ ਉਨ੍ਹਾਂ ਵਾਰਿਸਾਂ ਨੂੰ ਸਨਮਾਨਿਤ ਕਰਨ ਸਬੰਧੀ ਜ਼ਿਲ੍ਹਾ ਸੰਗਰੂਰ ਪ੍ਰਸ਼ਾਸਨ, ਬਰਨਾਲਾ ਵੱਲੋਂ ਭੇਜੇ ਗਏ ਸੱਦਾ ਪੱਤਰਾਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਨੂੰ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 28-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-09-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 23-10-2018 ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੇਅੰਤ ਸਿੰਘ, ਕਲਰਕ ਨੇ ਪੱਤਰ ਨੰ:770/ਆਰ.ਟੀ.ਆਈ., ਮਿਤੀ 27-06-2018 ਦੀ ਦਫ਼ਤਰੀ ਕਾਪੀ ਪੇਸ਼ ਕੀਤੀ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਸਬੰਧਤ ਕਰਮਚਾਰੀ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਵਾਚਣ ਤੇ ਤਸੱਲੀਬਖਸ਼ ਪਾਇਆ ਗਿਆ ਹੈ ਅਤੇ ਇਸ ਵਿੱਚ ਕਿਸੇ ਤਰੁੱਟੀ ਦੀ ਕੋਈ ਗੁੰਜਾਇਸ਼ ਨਹੀਂ ਹੈ। ਇਸ ਲਈ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਨਰਿੰਦਰ ਕੁਮਾਰ ਬਿੱਟਾ, (88725-97800)
ਪੁੱਤਰ ਸ਼੍ਰੀ ਰਾਏ ਸਾਹਿਬ,
ਮਕਾਨ ਨੰ:2438- ਏ, ਗਲੀ ਨੰ: 2,
ਸ਼੍ਰੀ ਗੁਰੂ ਨਾਨਕ ਨਗਰ,
ਨੇੜੇ 16 ਏਕੜ, ਬਰਨਾਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਵਧੀਕ ਡਿਪਟੀ ਕਮਿਸ਼ਨਰ,
ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ: 2884 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 26-05-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਵੱਲੋਂ ਖੇਵਟ ਨੰ:823 (ਸੁਬਾਈ ਪੰਜਾਬ ਸਰਕਾਰ) ਮਕਬੂਜਾ ਰੈਜੀਡੈਂਸ ਐਸ.ਡੀ.ਐਮ. ਬਰਨਾਲਾ ਕੁੱਲ ਜ਼ਮੀਨ 12 ਕਨਾਲ ਨਗਰ ਕੌਂਸਿਲ ਬਰਨਾਲਾ ਅਤੇ ਖੇਵਟ ਨੰ:824 (ਸੁਬਾਈ ਪੰਜਾਬ ਸਰਕਾਰ) ਮਕਬੂਜਾ ਬਰਨਾਲਾ ਕਲੱਬ ਬਰਨਾਲਾ ਕੁੱਲ ਜ਼ਮੀਨ 12 ਕਨਾਲ 18 ਮਰਲੇ ਨਾਲ ਸਬੰਧਤ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਨੂੰ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 28-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-09-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 23-10-2018 ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਵਿੱਚੋ ਅੱਜ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 28-11-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਨਰਿੰਦਰ ਕੁਮਾਰ ਬਿੱਟਾ, (88725-97800)
ਪੁੱਤਰ ਸ਼੍ਰੀ ਰਾਏ ਸਾਹਿਬ,
ਮਕਾਨ ਨੰ:2438- ਏ, ਗਲੀ ਨੰ: 2,
ਸ਼੍ਰੀ ਗੁਰੂ ਨਾਨਕ ਨਗਰ,
ਨੇੜੇ 16 ਏਕੜ, ਬਰਨਾਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਵਧੀਕ ਡਿਪਟੀ ਕਮਿਸ਼ਨਰ, ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ: 2885 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬੇਅੰਤ ਸਿੰਘ, ਕਲਰਕ (97800-07879)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 25-05-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਵੱਲੋਂ ਮਿਤੀ 04-11-1997 ਨੂੰ ਪੰਜਾਬ ਸਰਕਾਰ ਵੱਲੋਂ ਪਰਜਾ ਮੰਡਲ ਲਹਿਰ ਵਿੱਚ ਪਾਏ ਗਏ ਯੋਗਦਾਨ ਸਬੰਧੀ ਸਬ ਡਿਵੀਜ਼ਨ ਬਰਨਾਲਾ ਦੇ ਸਨਮਾਨਿਤ ਕੀਤੇ ਗਏ ਸੁਤੰਤਰਤਾ ਸੈਨਾਨੀਆਂ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਨੂੰ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 28-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-09-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 23-10-2018 ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੇਅੰਤ ਸਿੰਘ, ਕਲਰਕ ਨੇ ਪੱਤਰ ਨੰ:771/ ਆਰ.ਟੀ.ਆਈ., ਮਿਤੀ 27-06-2018 ਦੀ ਦਫ਼ਤਰੀ ਕਾਪੀ ਪੇਸ਼ ਕੀਤੀ ਹੈ ਜਿਸ ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਸਬੰਧਤ ਕਰਮਚਾਰੀ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਵਾਚਣ ਤੇ ਤਸੱਲੀਬਖਸ਼ ਪਾਇਆ ਗਿਆ ਹੈ ਅਤੇ ਇਸ ਵਿੱਚ ਕਿਸੇ ਤਰੁੱਟੀ ਦੀ ਕੋਈ ਗੁੰਜਾਇਸ਼ ਨਹੀਂ ਹੈ। ਇਸ ਲਈ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਦਿਨੇਸ਼ ਕੁਮਾਰ, (96461-00100)
ਪੁੱਤਰ ਸ਼੍ਰੀ ਦੌਲਤ ਰਾਮ,
ਵਾਸੀ ਪਿੰਡ ਰੱਤੇਵਾਲ,
ਤਹਿਸੀਲ ਬਲਾਚੌਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ,
ਐਮ.ਬੀ.ਜੀ. ਸਰਕਾਰੀ ਕਾਲਿਜ,
ਪੋਜੇਵਾਲ, ਤਹਿਸੀਲ ਬਲਾਚੌਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਬਲਾਚੌਰ,ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ------ਉੱਤਰਦਾਤਾ

**ਅਪੀਲ ਕੇਸ ਨੰ:2918 ਆਫ 2018**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ ) ਵੱਲੋ ਸ਼੍ਰੀ ਗੁਰਜੰਟ ਸਿੰਘ, ਕਲਰਕ (97797-31664)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 08-05-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੌਰ, ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਵੱਲੋਂ ਐਮ.ਬੀ.ਜੀ. ਸਰਕਾਰੀ ਕਾਲਿਜ, ਪੋਜੇਵਾਲ, ਤਹਿਸੀਲ ਬਲਾਚੌਰ,ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੌਰ, ਵੱਲੋਂ ਆਪਣੇ ਪੱਤਰ ਮਿਤੀ 10-05-2018 ਰਾਹੀਂ ਅਪੀਲਕਰਤਾ ਦਾ ਬਿਨੈ-ਪੱਤਰ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਪ੍ਰਿੰਸੀਪਲ, ਐਮ.ਬੀ.ਜੀ. ਸਰਕਾਰੀ ਕਾਲਿਜ, ਪੋਜੇਵਾਲ, ਤਹਿਸੀਲ ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਨੂੰ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 30-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-09-2018 ਨੂੰ ਅੱਜ ਪਹਿਲੀ ਸੁਣਵਾਈ, ਮਿਤੀ 23-10-2018 ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਵੱਲੋਂ ਹਾਜ਼ਰ ਸ਼੍ਰੀ ਗੁਰਜੰਟ

ਚਲਦਾ---ਪੰਨਾ2

**ਅਪੀਲ ਕੇਸ ਨੰ:2918 ਆਫ 2018**

ਸਿੰਘ, ਕਲਰਕ ਨੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਦਾ ਬਿਨੈ-ਪੱਤਰ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਪ੍ਰਿੰਸੀਪਲ, ਐਮ.ਬੀ.ਜੀ. ਸਰਕਾਰੀ ਕਾਲਿਜ, ਪੋਜੇਵਾਲ, ਤਹਿਸੀਲ ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਪਰੰਤੂ ਲੋਕ ਸੂਚਨਾ ਅਧਿਕਾਰੀ ਦਫ਼ਤਰ ਪ੍ਰਿੰਸੀਪਲ, ਐਮ.ਬੀ.ਜੀ. ਸਰਕਾਰੀ ਕਾਲਿਜ, ਪੋਜੇਵਾਲ, ਤਹਿਸੀਲ ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਅਪੀਲਕਰਤਾ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਲੋਕ ਸੂਚਨਾ ਅਧਿਕਾਰੀ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਪਹਿਲੀ ਅਪੀਲੀ ਅਥਾਰਟੀ ਵੱਲੋਂ ਹਾਜ਼ਰ ਹੋਏ ਕਰਮਚਾਰੀ ਨੇ ਲੋਕ ਸੂਚਨਾ ਅਧਿਕਾਰੀ ਵੱਲੋਂ ਕਮਿਸ਼ਨ ਨੂੰ ਲਿਖੇ ਗਏ ਪੱਤਰ, ਮਿਤੀ 08-10-2018 ਦੀ ਕਾਪੀ ਪੇਸ਼ ਕੀਤੀ ਹੈ ਜਿਸ ਅਨੁਸਾਰ ਅਪੀਲਕਰਤਾ ਨੂੰ ਮਿਤੀ 21-05-2018 ਨੂੰ ਲਿਖਿਆ ਗਿਆ ਸੀ ਕਿ ਉਹ ਲੋਕ ਸੂਚਨਾ ਅਧਿਕਾਰੀ ਕੋਲੋਂ ਸੂਚਨਾ ਪ੍ਰਾਪਤ ਕਰਨ ਲਈ ਬਣਦੀ ਫੀਸ ਸਹਿਤ ਸਿੱਧੇ ਹੀ ਬੇਨਤੀ ਕਰੇ। ਪਰੰਤੂ ਅਪੀਲਕਰਤਾ ਵੱਲੋਂ ਸੂਚਨਾ ਲੈਣ ਲਈ ਲੋੜੀਂਦੀ ਫੀਸ ਨਹੀਂ ਭੇਜੀ ਅਤੇ ਨਾ ਹੀ ਸਿੱਧੇ ਤੌਰ ਤੇ ਬੇਨਤੀ ਕੀਤੀ ਹੈ।

3. ਅਪੀਲਕਰਤਾ ਵੱਲੋਂ ਲੋੜੀਂਦੀ ਫੀਸ ਸਹਿਤ ਆਪਣਾ ਬਿਨੈ-ਪੱਤਰ ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੌਰ, ਨੂੰ ਪੇਸ਼ ਕੀਤਾ ਗਿਆ ਸੀ । ਵੈਸੇ ਇਹ ਗਲਤ ਸੀ ਕਿ ਉਸ ਨੇ ਸੂਚਨਾ ਕਾਲਿਜ ਤੋਂ ਲੈਣੀ ਸੀ ਫਿਰ ਉਸ ਦਾ ਉਪ ਮੰਡਲ ਮੈਜਿਸਟਰੇਟ ਨੂੰ ਅਰਜ਼ੀ ਦੇਣ ਦਾ ਕੋਈ ਮਤਲਬ ਨਹੀਂ ਸੀ। ਜੇਕਰ ਉਸ ਨੂੰ ਇਹ ਜਾਣਕਾਰੀ ਨਹੀਂ ਕਿ ਆਰਜ਼ੀ ਕਿੱਥੇ ਦੇਣੀ ਹੈ ਤਾਂ ਵੀ ਉਹ ਅਣਜਾਣ ਵਿਅਕਤੀ ਇਸ ਦੀ ਲੋਕ ਹਿੱਤ ਲਈ ਕਿਵੇਂ ਵਰਤਤੋਂ ਕਰ ਸਕਦਾ ਹੈ। ਲੋਕ ਸੂਚਨਾ ਅਧਿਕਾਰੀ, ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੌਰ, ਵੱਲੋਂ ਆਪਣੇ ਪੱਤਰ ਮਿਤੀ 10-05-2018 ਰਾਹੀਂ ਅਪੀਲਕਰਤਾ ਦਾ ਬਿਨੈ-ਪੱਤਰ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 6(3) ਤਹਿਤ ਪ੍ਰਿੰਸੀਪਲ, ਐਮ.ਬੀ.ਜੀ. ਸਰਕਾਰੀ ਕਾਲਿਜ, ਪੋਜੇਵਾਲ, ਤਹਿਸੀਲ ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਤਬਦੀਲ ਕਰ ਦਿੱਤਾ ਗਿਆ ਸੀ। ਇਸ ਤਰ੍ਹਾਂ ਲੋਕ ਸੂਚਨਾ ਅਧਿਕਾਰੀ ਵੱਲੋਂ ਸੂਚਨਾ ਪ੍ਰਾਪਤ ਕਰਨ ਲਈ ਦੁਬਾਰਾ ਫੀਸ ਜਮ੍ਹਾਂ ਕਰਾਉਣ ਅਤੇ ਸਿੱਧੇ ਤੌਰ ਤੇ ਬੇਨਤੀ ਕਰਨ ਬਾਰੇ ਅਪੀਲਕਰਤਾ ਨੂੰ ਕਿਹੇ ਜਾਣ ਦਾ ਕੋਈ ਅਧਾਰ ਨਹੀਂ ਬਣਦਾ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਐਮ.ਬੀ.ਜੀ. ਸਰਕਾਰੀ ਕਾਲਿਜ, ਪੋਜੇਵਾਲ, ਤਹਿਸੀਲ ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਨੁਕਤਾ-ਵਾਰ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 11-12-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਦਲਜੀਤ ਸਿੰਘ, (98720-24798)
ਪੁੱਤਰ ਸ਼੍ਰੀ ਬਿਸ਼ਨ ਸਿੰਘ,
#200 – ਸੀ, ਫੇਸ-3,
ਅਰਬਨ ਐਸਟੇਟ,
ਪਟਿਆਲਾ। ........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2956 ਆਫ਼ 2018**

**ਹਾਜ਼ਰ:-** 1) ਸ਼੍ਰੀ ਦਲਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ (98141-05515)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 26-03-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਪਹਿਲੀ ਆਰ.ਟੀ.ਆਈ. ਮਿਤੀ 03-11-2017 ਦੇ ਸਬੰਧ ਵਿੱਚ ਯੂਨੀਵਰਸਿਟੀ ਵੱਲੋਂ ਭੇਜੇ ਗਏ ਜਵਾਬ ਦੇ ਹਵਾਲੇ ਵਿੱਚ ਵਾਧੂ ਸੂਚਨਾ ਲੈਣ ਨਾਲ ਸਬੰਧਤ 13 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 31-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-09-2018 ਨੂੰ ਪਹਿਲੀ ਸੁਣਵਾਈ ਮਿਤੀ 23-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਵਿਕਰਾਂਤ ਸ਼ਰਮਾ, ਐਡਵੋਕੇਟ ਨੇ ਪੱਤਰ ਨੰ:6795/S-II/257-18/ ਆਰ.ਟੀ.ਆਈ. ਸੈੱਲ, ਮਿਤੀ 22-10-2018 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:6705/S-II/257-18/ ਆਰ.ਟੀ.ਆਈ. ਸੈੱਲ, ਮਿਤੀ 17-10-2018 ਰਾਹੀਂ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ। ਅਪੀਲਕਰਤਾ ਨੂੰ ਸੂਚਨਾ ਦੇਰੀ ਨਾਲ ਮੁਹੱਈਆ ਕਰਾਉਣ ਬਾਰੇ ਉਨ੍ਹਾਂ ਨੇ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਕਈ ਸ਼ਾਖਾਵਾਂ ਨਾਲ ਹੋਣ ਕਾਰਨ ਸੂਚਨਾ ਇਕੱਤਰ ਕਰਨ ਵਿੱਚ ਮੁਸ਼ਕਿਲ ਪੇਸ਼ ਆਈ ਹੈ ਜਿਸ ਬਾਰੇ ਉਨ੍ਹਾਂ ਨੇ ਖੇਦ ਪ੍ਰਗਟ ਕੀਤਾ ਹੈ ਅਤੇ ਅਗਾਂਹ ਤੋਂ ਵਿਸ਼ੇਸ਼ ਧਿਆਨ ਦੇਣ ਦਾ ਭਰੋਸਾ ਦਿੰਤਾ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਧੂਰੀ ਸੂਚਨਾ ਦਿੱਤੀ ਗਈ ਹੈ।ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਤੇ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 23 ਅਕਤੂਬਰ, 2018. ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਾਜੀਵ ਨਾਇਰ,
126 ਐਮ, ਗਲੀ ਨੰ 3, ਸਾਹਮਣੇ ਹਰੀ ਮੰਦਰ
ਗੋਪਾਲ ਨਗਰ, ਮਜੀਠਾ ਰੋਡ,
ਅੰਮ੍ਰਿਤਸਰ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤ਼ਰ ਪ੍ਰੰਸੀਪਲ, ਡੀ.ਏ.ਵੀ. ਕਾਲਿਜ,
ਦਿਆ ਨੰਦ ਨਗਰ, ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਿੰਸੀਪਲ,ਡੀ ਏ ਵੀ ਕਾਲਿਜ,
ਦਿਆ ਨੰਦ ਨਗਰ, ਜਲੰਧਰ। ----ਉੱਤਰਦਾਤਾ

**ਅਪੀਲ ਕੇਸ ਨੰ: 2398 ਆਫ 2018**

ਹਾਜ਼ਰ:- 1) ਸ਼੍ਰੀ ਰਾਜੀਵ ਨਾਇਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਅਨਿਲ ਸ਼ਰਮਾ, ਲੇਖਾ ਅਫਸਰ (94173-79500) ਅਤੇ ਸ਼੍ਰੀ ਦੀਪਕ ਆਨੰਦ (ਜੂਨੀਅਰ ਸਹਾਇਕ)।

ਹਕਮ:

ਦੋਵੇਂ ਧਿਰਾਂ ਹਾਜ਼ਰ ਹੋਈਆਂ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਇਸ ਬੈਂਚ ਤੇ ਭਰੋਸਾ ਨਹੀਂ ਰਿਹਾ, ਜਿਸ ਕਰਕੇ ਉਸ ਵੱਲੋਂ ਇਸ ਕੇਸ ਦੀ ਸੁਣਵਾਈ ਕਿਸੇ ਹੋਰ ਬੈਂਚ ਤੋਂ ਕਰਾਉਣ ਲਈ ਮਾਣਯੋਗ ਮੁੱਖ ਸੂਚਨਾ ਕਮਿਸ਼ਨਰ ਜੀ ਨੂੰ ਬੇਨਤੀ ਕੀਤੀ ਹੋਈ ਹੈ। ਇਸ ਲਈ ਇਹ ਕੇਸ ਬਿਨਾਂ ਕੋਈ ਕਾਰਵਾਈ ਕੀਤਿਆਂ **ਅਗਲੀ ਸੁਣਵਾਈ ਮਿਤੀ 13-12-2018 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ:788, ਪਾਰਕ ਰੋਡ,
ਨਵੀਂ ਮੰਡੀ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ, ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2572 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਮੇਸ਼ ਕੁਮਾਰ ਕਾਰਜ ਸਾਧਕ ਅਫਸਰ (62398-03551)

**ਹੁਕਮ:**

ਪਿਛਲੀ ਪੇਸ਼ੀ, ਮਿਤੀ 25-09-2018 ਤੇ ਅਪੀਲਕਰਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਈ.ਮੇਲ. ਰਾਹੀਂ ਨਿੱਜੀ ਪੇਸ਼ੀ ਤੋਂ ਛੋਟ ਦੀ ਮੰਗ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਅਜੇ ਤੱਕ ਕੋਈ ਵੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਅਧਿਕਾਰੀ ਜ਼ੋ ਉੱਤਰ ਲੈ ਕੇ ਆਇਆ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਸਪੱਸ਼ਟ ਨਹੀਂ ਸੀ, ਗਲਤ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਬਾਰੇ ਵਿਸਥਾਰ-ਪੂਰਵਕ ਜਵਾਬ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਦਿੱਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 23-10-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਮੇਸ਼ ਕੁਮਾਰ, ਕਾਰਜ ਸਾਧਕ ਅਫਸਰ ਨੇ ਪੱਤਰ ਨੰ:3218, ਮਿਤੀ 22-10-2018, ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਪਿੱਠ-ਅੰਕਿਤ ਕੀਤੀ ਗਈ ਹੈ, ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਇਸ ਪੱਤਰ ਰਾਹੀਂ ਕਮਿਸ਼ਨ ਨੂੰ ਦੱਸਿਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਆਰ.ਟੀ. ਆਈ. ਅਧੀਨ ਮਿਤੀ 16-04-2018 ਨੂੰ

ਚਲਦਾ---ਪੰਨਾ/2

**ਅਪੀਲ ਕੇਸ ਨੰ:2572 ਆਫ਼ 2018**

ਸੂਚਨਾ ਤੀ ਮੰਗ ਕੀਤੀ ਗਈ ਸੀ। ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਲੜੀ ਨੰ:1 ਤੋਂ 9 ਤੱਕ ਬਣਦੇ 83 ਪੰਨੇ ਉਨ੍ਹਾਂ ਦੇ ਪੱਤਰ ਨੰ:15/ਪੀ.ਆਈ.ਓ., ਮਿਤੀ 17-05-2018 ਦੁਆਰਾ ਅਪੀਲਕਰਤਾ ਨੂੰ ਮੁਹੱਈਆ ਕਰਵਾ ਦਿੱਤੀ ਗਈ ਸੀ ਪਰੰਤੂ ਹੁਣ ਅਪੀਲਕਰਤਾ ਵੱਲੋਂ ਪਹਿਲਾਂ ਦਿੱਤੀ ਗਈ ਸੂਚਨਾ ਦੇ ਸਬੰਧ ਵਿੱਚ ਹੋਰ ਸੂਚਨਾ ਦੀ ਮੰਗ ਕੀਤੀ ਗਈ ਹੈ।ਇਸ ਤੋਂ ਇਲਾਵਾ ਅਪੀਲਕਰਤਾ ਵੱਲੋਂ ਇਹ ਵੀ ਸਪੱਸ਼ਟ ਨਹੀਂ ਕੀਤਾ ਗਿਆ ਕਿ ਕਿਸ ਸਮੇਂ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ ਪਰੰਤੂ ਅਪੀਲਕਰਤਾ ਵੱਲੋਂ ਹੋਰ ਵਾਧੂ ਸੂਚਨਾ ਦੀ ਮੰਗ ਕੀਤੀ ਗਈ ਹੈ ਜ਼ੋ ਕਿ ਦਿੱਤੀ ਨਹੀਂ ਜਾ ਸਕਦੀ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਆਪਣਾ ਸਪੱਸ਼ਟ ਉੱਤਰ ਰਜਿਸਟਰਡ ਡਾਕ ਰਾਹੀਂ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਭੇਜਦੇ ਹੋਏ ਇੱਕ ਕਾਪੀ ਕਮਿਸ਼ਨ ਨੂੰ ਵੀ ਸੂਚਨਾ ਹਿੱਤ ਭੇਜੀ ਜਾਵੇ।ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 28-11-2018 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, (90410-04313)
ਪਿੰਡ ਭੋਲਾਪੁਰ,
ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ,
ਲੁਧਿਆਣਾ-141123. ...........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2709 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਾਲ ਕ੍ਰਿਸ਼ਨ, ਸੁਪਰਡੰਟ (94170-70070)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 17-02-2018, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸਵੱਛ-ਅਭਿਆਨ ਮੁਹਿੰਮ ਅਤੇ ਹੋਰਨਾਂ ਮਾਮਲਿਆਂ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 02-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-09-2018 ਨੂੰ ਪਹਿਲੀ ਸੁਣਵਾਈ ਮਿਤੀ 25-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 25-09-2018 ਤੇ ਅਪੀਲਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਕੋਈ ਵੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਨੁਕਤਾ-ਵਾਰ ਸੂਚਨਾ ਪੇਸ਼ੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ

ਚਲਦਾ---ਪੰਨਾ/2

**ਅਪੀਲ ਕੇਸ ਨੰ:2709 ਆਫ਼ 2018**

ਦੀ ਮਿਤੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 23-10-2018 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਗਿਆ ਸੀ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬਾਲ ਕ੍ਰਿਸ਼ਨ, ਸੁਪਰਡੰਟ ਨੇ ਪੱਤਰ ਨੰ:877-878/ਜ.ਸ., ਮਿਤੀ 18-10-2018 ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਮਿਤੀ 18-10-2018 ਨੂੰ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਭੇਜੀ ਜਾ ਚੁੱਕੀ ਹੈ। ਜਦੋਂ ਹਾਜ਼ਰ ਉੱਤਰਦਾਤਾ ਨੂੰ ਅਪੀਲਕਰਤਾ ਨੂੰ ਸੂਚਨਾ ਬਹੁਤ ਦੇਰੀ ਨਾਲ ਭੇਜਣ ਬਾਰੇ ਪੁੱਛਿਆ ਗਿਆ ਤਾਂ ਉਸ ਨੇ ਕਿਹਾ ਕਿ ਅਪੀਲਕਰਤਾ ਦੀ ਆਰ.ਟੀ.ਆਈ. ਇੱਕ ਵੱਖਰੀ ਕਿਸਮ (Nature) ਦੀ ਸੀ ਜਿਸ ਕਾਰਨ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਤਿਆਰ ਕਰਨ ਵਿੱਚ ਦੇਰੀ ਹੋਈ।

4. ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਪਾਇਆ ਗਿਆ ਹੈ ਕਿ ਅਪੀਲਕਰਤਾ ਵੱਲੋਂ ਮਿਤੀ 17-02-2018 ਨੂੰ ਆਰ.ਟੀ.ਆਈ. ਪਾਉਣ ਦੀ ਮਿਤੀ ਤੋਂ ਲੈ ਕੇ ਉਸ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਮਿਤੀ 02-05-2018 ਨੂੰ ਅਪੀਲ ਦਾਇਰ ਕਰਨ ਦੀ ਮਿਤੀ ਤੱਕ ਉੱਤਰਦਾਤਾ ਵੱਲੋਂ ਉਸ ਨਾਲ ਕੋਈ ਵੀ ਪੱਤਰ-ਵਿਹਾਰ ਨਹੀਂ ਕੀਤਾ ਗਿਆ। ਅਪੀਲਕਰਤਾ ਵੱਲੋਂ ਮਿਤੀ 02-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕਰਨ ਉਪਰੰਤ ਵੀ ਉੱਤਰਦਾਤਾ ਵੱਲੋ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦੀ ਕੋਈ ਕੋਸ਼ਿਸ਼ ਨਹੀਂ ਕੀਤੀ ਗਈ ਅਤੇ ਅਪੀਲਕਰਤਾ ਨੂੰ ਮਿਤੀ 13-08-2018 ਨੂੰ ਰਾਜ ਸੂਚਨਾ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕਰਨ ਲਈ ਮਜ਼ਬੂਰ ਹੋਣਾ ਪਿਆ। ਕਮਿਸ਼ਨ ਵੱਲੋਂ ਪੇਸ਼ੀ ਲਈ ਮਿਤੀ 05-09-2018 ਨੂੰ ਨੋਟਿਸ ਜਾਰੀ ਕਰਨ ਉਪਰੰਤ ਮਹਿਕਮਾ ਹਰਕਤ ਵਿੱਚ ਆਇਆ ਅਤੇ ਮਿਤੀ 18-10-2018 ਨੂੰ ਅਪੀਲਕਰਤਾ ਨੂੰ ਸੂਚਨਾ ਭੇਜੀ ਗਈ। ਇਸ ਤਰ੍ਹਾਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਭੱਗ 8 ਮਹੀਨੇ ਬਾਅਦ ਅਪੀਲਕਰਤਾ ਨੂੰ ਸੂਚਨਾ ਦਿੱਤੀ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ।ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਤੇ ਫਲਸਰੂਪ ਅਪੀਲਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮੁਆਵਜ਼ੇ ਵਜੋਂ 4000/-ਰੁਪਏ (ਕੇਵਲ ਚਾਰ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰਕੇ ਸਬੂਤ ਵਜੋਂ ਰਸੀਦ ਕਮਿਸ਼ਨ ਵਿਖੇ ਪੇਸ਼ ਕੀਤੀ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 28-11-2018 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਗੁਲਸ਼ਨ ਰਾਏ ਸੰਗਰ, (098552-86225)
ਬੀ-12/58, ਮੁਹੱਲਾ ਵੈਦ ਹੇਮ ਰਾਜ,
ਨਵਾਂਸ਼ਹਿਰ। ........ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸਕੱਤਰ, ਉਚੇਰੀ ਸਿੱਖਿਆ ਵਿਭਾਗ,
ਪੰਜਾਬ, ਚੰਡੀਗੜ੍ਹ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:636 ਆਫ਼ 2018**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਸ਼੍ਰੀਮਤੀ ਜ਼ਸਵਿੰਦਰਜੀਤ ਕੌਰ, ਸੀਨੀਅਰ ਸਹਾਇਕ ਅਤੇ ਸ਼੍ਰੀ ਰਵਿੰਦਰ ਕੁਮਾਰ, ਸੀਨੀਅਰ ਸਹਾਇਕ (98784-91522)

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 26-03-2018, ਲੋਕ ਸੂਚਨਾ ਅਧਿਕਾਰੀ ਦਫਤਰ ਸਕੱਤਰ, ਉਚੇਰੀ ਸਿੱਖਿਆ ਵਿਭਾਗ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਦਰਖਾਸਤ, ਮਿਤੀ 08-03-2018 ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-05-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਗਈ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 11-07-2018 ਨੂੰ ਪਹਿਲੀ ਸੁਣਵਾਈ ਮਿਤੀ 01-08-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 25-09-2018 ਤੇ ਉੱਤਰਦਾਤਾ ਵੱਲੋਂ ਹਾਜ਼ਰ ਕਰਮਚਾਰੀਆਂ ਨੇ ਪੱਤਰ ਨੰ:14/9/16-3ਸਿ1/482, ਮਿਤੀ 24-09-2018 ਪੇਸ਼ ਕੀਤਾ ਸੀ ਜਿਸ ਰਾਹੀਂ ਸ਼ਿਕਾਇਤਕਰਤਾ ਨੂੰ ਲੋੜੀਂਦੀ ਸੂਚਨਾ ਭੇਜੀ ਜਾ ਚੁੱਕੀ ਹੈ। ਇਹ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਪੜ੍ਹਨ ਉਪਰੰਤ ਮੁਕੰਮਲ ਪਾਇਆ ਗਿਆ ਸੀ। ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਸੀ।ਇਸ ਲਈ ਸ਼ਿਕਾਇਤਕਰਤਾ ਵੱਲੋਂ ਸੂਚਨਾ ਦੀ ਪ੍ਰਾਪਤੀ ਦੀ ਪੁਸ਼ਟੀ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 23-10-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਉੱਤਰਦਾਤਾ ਵੱਲੋਂ ਹਾਜ਼ਰ ਕਰਮਚਾਰੀਆਂ ਨੇ ਅੱਜ ਫਿਰ ਦੁਹਰਾਇਆ ਹੈ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਪੱਤਰ ਨੰ:14/9/16-3ਸਿ1/482, ਮਿਤੀ 24-09-2018 ਰਾਹੀਂ ਸ਼ਿਕਾਇਤਕਰਤਾ ਨੂੰ ਲੋੜੀਂਦੀ ਸੂਚਨਾ ਭੇਜੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਅੱਜ ਫਿਰ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਉੱਤਰਦਾਤਾ ਨੂੰ ਸੰਬੋਧਿਤ ਇੱਕ ਈ.ਮੇਲ ਦੀ ਕਾਪੀ ਪ੍ਰਾਪਤ ਹੋਈ ਹੈ ਜਿਸ ਅਨੁਸਾਰ ਉਸ ਵੱਲੋਂ ਉੱਤਰਦਾਤਾ ਨੂੰ ਸਪੱਸ਼ਟ ਸੂਚਨਾ ਮੁਹੱਈਆ ਕਰਾਉਣ

ਚਲਦਾ---ਪੰਨਾ/2

**ਸ਼ਿਕਾਇਤ ਕੇਸ ਨੰ:636 ਆਫ਼ 2018**

ਬਾਰੇ ਲਿਖਿਆ ਗਿਆ ਹੈ। ਸ਼ਿਕਾਇਤਕਰਤਾ ਵੱਲੋਂ ਭੇਜੀ ਗਈ ਈ.ਮੇਲ ਨੂੰ ਵਾਚਣ ਤੇ ਪਾਇਆ ਗਿਆ ਹੈ ਕਿ ਉਸ ਵੱਲੋਂ ਉੱਤਰਦਾਤਾ ਵੱਲੋਂ ਭੇਜੀ ਗਈ ਸੂਚਨਾ ਦੇ ਕਿਸੇ ਵੀ ਨੁਕਤੇ ਬਾਰੇ ਸਪੱਸ਼ਟ ਤੌਰ ਤੇ ਕਿਸੇ ਤਰੁੱਟੀ ਦਾ ਵਰਨਣ ਨਹੀਂ ਕੀਤਾ ਗਿਆ, ਜਿਸ ਤੇ ਵਿਚਾਰ ਕੀਤਾ ਜਾਣਾ ਬਣਦਾ ਹੋਵੇ। ਇਸ ਲਈ ਕਮਿਸ਼ਨ ਨੇ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਸ਼ਿਕਾਇਤਕਰਤਾ ਦੀ ਆਰ.ਟੀ.ਆਈ.ਮੁਤਾਬਿਕ ਸਹੀ ਅਤੇ ਮੁਕੰਮਲ ਪਾਇਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਹਰਬੰਸ ਸਿੰਘ, (98773-06580)
ਮਕਾਨ ਨੰ:371, ਸੈਕਟਰ-78,
ਮੁਹਾਲੀ। .......ਸ਼ਿਕਾਇਤਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ,
ਫਿਰੋਜ਼ਪੁਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:3515 ਆਫ਼ 2013**

**ਹਾਜ਼ਰ:**

1) ਸ਼੍ਰੀ ਹਰਬੰਸ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਚੰਦ ਸਿੰਘ, ਸਦਰ ਕਾਨੂੰਗੋ (94174-79464)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਚੰਦ ਸਿੰਘ, ਸਦਰ ਕਾਨੂੰਗੋ ਨੇ ਦੱਸਿਆ ਹੈ ਕਿ ਡਿਪਟੀ ਕਮਿਸ਼ਨਰ, ਸ੍ਰੀ ਮਕੁਤਸਰ ਸਾਹਿਬ ਵੱਲੋਂ ਸ਼ਿਕਾਇਤਕ ਰਤਾ ਨਾਲ ਸਬੰਧਤ ਕੇਸ ਦੀ ਸੁਣਵਾਈ ਦੀ ਅਗਲੀ **ਮਿਤੀ** 31-10-2018 ਨਿਸਚਿਤ ਕੀਤੀ ਹੋਈ ਹੈ। ਇਸ ਲਈ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਇਸ ਕੇਸ ਦੀ ਕਮਿਸ਼ਨ ਵਿਖੇ ਸੁਣਵਾਈ ਤੋਂ ਪਹਿਲਾਂ ਡਿਪਟੀ ਕਮਿਸ਼ਨਰ, ਸ੍ਰੀ ਮਕੁਤਸਰ ਸਾਹਿਬ ਕੋਲ ਸੁਣਵਾਈ ਲਈ ਹਾਜ਼ਰ ਹੋਵੇ। ਲੋਕ ਸੂਚਨਾ ਅਧਿਕਾਰੀ, ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ, ਨੂੰ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਕੇਸ ਦਾ ਫੈਸਲਾ ਜਲਦੀ ਕਰਕੇ ਉਸ ਨੂੰ ਸੂਚਨਾ ਮੁਹੱਈਆ ਕਰਵਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ** 28-11-2018 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 23 ਅਕਤੂਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**